# ਕੈਂਪ ਦੌਰਾਨ 85 ਵਿਅਕਤੀਆਂ ਦਾ ਚੈਕਅੱਪ

ਪੱਤਰ ਪ੍ਰੇਰਕ, ਮਾਨਸਾ : ਪਿੰਡ ਕਮਾਲੂ ਵਿਖੇ ਤਲਵੰਡੀ ਸਾਬੋ ਪਾਵਰ ਲਿਮਟਿਡ ਵਲੋਂ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਇਕ ਮੁਫਤ ਮੈਡੀਕਲ ਚੈਕਅਪ ਕੈਂਪ ਲਾਇਆ ਗਿਆ, ਜਿਸ ਵਿਚ ਪਿੰਡ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਪਹੁੰਚਕੇ ਕੈਂਪ ਦਾ ਲਾਭ ਲਿਆ। ਇਸ ਮੌਕੇ ਡਾ. ਰੇਖਾ ਨੇ ਪਿੰਡ ਦੇ ਬਜ਼ੁਰਗ, ਔਰਤਾਂ ਤੇ ਬੱਚਿਆਂ ਦਾ ਚੈਕਅੱਪ ਕਰਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਕੰਪਨੀ ਦੇ ਅਧਿਕਾਰੀ ਪ੍ਰੀਤੀ ਰਾਵਤ ਨੇ ਦੱਸਿਆ ਕਿ ਕੰਪਨੀ ਵਲੋਂ ਥਰਮਲ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਦੀ ਸਿਹਤ ਤੰਦਰੁਸਤ ਰੱਖਣ ਲਈ ਸਮੇਂ-ਸਮੇਂ 'ਤੇ ਕੈਂਪ ਲਗਾਏ ਜਾਂਦੇ ਹਨ। ਇਸ ਕੈਂਪ 'ਚ 85 ਮਰੀਜ਼ਾਂ ਦਾ ਚੈਕਅੱਪ ਕਰਕੇ ਮੁਫਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਮੌਜੂਦ ਪਿੰਡ ਦੇ ਸਰਪੰਚ ਜਗਸੀਰ ਸਿੰਘ, ਰਾਮਸ਼ਰਨ ਪੀ. ਆਰ. ਓ., ਗੁਰਵਿੰਦਰ ਕੌਰ, ਅਮਨਦੀਪ ਕੌਰ, ਕੌਰ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



ਪਿੰਡ ਕਮਾਲੂ ਵਿਖੇ ਲਗਾਏ ਮੁਫਤ ਮੈਡੀਕਲ ਚੈਕਅਪ ਕੈਂਪ ਮੌਕੇ ਮਰੀਜ਼ ਦੀ ਜਾਂਚ ਕਰਦੇ ਹੋਏ ਡਾਕਟਰ।